ਸੰਗਰੂਰ ਅਜੀਤ

ਅਜੀਤ, ਬਠਿੰਡਾ

6

ਸੋਮਵਾਰ, 9 ਦਸੰਬਰ 2024

ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ



ਰੇਡੀਓ

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ **9 ਦਸੰਬਰ** ਨੂੰ ਸ਼ਾਮ 4.00 ਤੋਂ 6.00 ਵਜੇ ਤੱਕ **ਭਾਈ ਸ਼ੌਕੀਨ ਸਿੰਘ** ਅਤੇ **10 ਦਸੰਬਰ** ਨੂੰ ਸਵੇਰੇ 4.00 ਤੋਂ 6.00 ਵਜੇ ਤੱਕ **ਭਾਈ ਦਵਿੰਦਰ ਸਿੰਘ** 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 9 **ਦਸੰਬਰ** ਨੂੰ ਸ਼ਾਮ 4.30 ਤੋਂ 6.30 ਵਜੇ ਤੱਕ **ਭਾਈ ਸ਼ੌਕੀਨ ਸਿੰਘ** ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਸਾਹਿਬ ਸਿੰਘ** ਤੇ **10 ਦਸੰਬਰ** ਨੂੰ ਸਵੇਰੇ 4.00 ਵਜੇ ਤੋਂ 7.45 ਵਜੇ ਤੱਕ **ਭਾਈ ਦਵਿੰਦਰ ਸਿੰਘ ਅਤੇ ਭਾਈ ਗੁਰਸੇਵਕ ਸਿੰਘ** ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 4.00 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 5.30 ਵਜੇ ਤੋਂ 7.30 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।

ਮੁੱਖ ਵਾਕ ਦੀ ਕਥਾ : 9 ਦਸੰਬਰ ਨੂੰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਤੇ 10 ਦਸੰਬਰ ਨੂੰ ਗਿਆਨੀ ਗੁਰਲਾਲ ਸਿੰਘ ਮੀਰਾਂਕੋਟ, ਗੁ: ਮੰਜੀ ਸਾਹਿਬ ਦੀਵਾਨ ਹਾਲ, ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਸਤਵੰਤ ਸਿੰਘ ਪੂਨੀਆ ਗੱਲਬਾਤ ਕਰਦੇ ਹੋਏ। ਨਾਲ ਮੌਜੂਦ ਹਨ ਐਡਵੋਕੇਟ ਗੁਰਸੇਵਕ ਸਿੰਘ ਕਾਕੂ, ਪਵਨ ਕੁਮਾਰ ਗਰਗ। ਤਸਵੀਰ: ਦਰਸ਼ਨ ਵਧਵਾ

ਭਾਜਪਾ ਨਗਰ ਕੌਂਸਲ ਚੋਣਾਂ 'ਚ ਹੂੰਝਾ ਫੇਰ ਪ੍ਰਦਰਸ਼ਨ ਕਰੇਗੀ-ਪੂਨੀਆ

ਸੰਗਰੂਰ, 8 ਦਸੰਬਰ (ਅਮਨਦੀਪ ਸਿੰਘ ਬਿੱਟਾ) - ਭਾਰਤੀ ਜਨਤਾ ਪਾਰਟੀ ਦੇ ਸੂਬਾ ਕਾਰਜਕਾਰਨੀ ਮੈਂਬਰ ਅਤੇ ਨਗਰ ਕੌਂਸਲ ਸੰਗਰੂਰ ਦੀ ਚੋਣ ਲਈ ਗਠਿਤ ਕਮੇਟੀ ਦੇ ਸੀਨੀਅਰ ਮੈਂਬਰ ਸਤਵੰਤ ਸਿੰਘ ਪੂਨੀਆ ਨੇ ਕਿਹਾ ਕਿ ਭਾਜਪਾ ਨਗਰ ਕੌਂਸਲ ਚੋਣਾਂ ਵਿਚ ਕੇਵਲ ਪੰਜਾਬ ਵਿਚ ਹੀ ਨਹੀਂ ਬਲਕਿ ਪੂਰੇ ਪੰਜਾਬ ਵਿਚ ਸ਼ਾਨਦਾਰ ਪ੍ਰਦਰਸ਼ਨ ਕਰੇਗੀ। ਪੂਨੀਆ ਨੇ ਕਿਹਾ ਕਿ ਪੰਜਾਬ ਦਾ ਸ਼ਹਿਰੀ ਵਰਗ ਆਪ ਸਰਕਾਰ ਦੀਆਂ ਨੀਤੀਆਂ ਤੋਂ ਪੂਰੀ ਤਰ੍ਹਾਂ ਅੱਕ ਚੁੱਕਿਆ ਹੈ ਅਤੇ ਬਦਲਾਅ ਵਜੋਂ ਕੇਵਲ ਭਾਜਪਾ ਨੂੰ ਹੀ ਦੇਖ ਰਿਹਾ ਹੈ। ਕਾਂਗਰਸ ਅਤੇ ਅਕਾਲੀ ਦਲ ਦਾ ਇਨ੍ਹਾਂ ਨਗਰ ਕੌਂਸਲ ਚੋਣਾਂ ਦੌਰਾਨ ਪੂਰੀ ਤਰ੍ਹਾਂ ਸਫਾਇਆ ਹੋਣ ਦਾ ਦਾਅਵਾ ਕਰਦਿਆਂ ਸਤਵੰਤ ਸਿੰਘ ਪੂਨੀਆ ਨੇ ਕਿਹਾ ਕਿ ਅੱਜ ਪੂਰਾ ਦੇਸ਼ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਨੀਤੀਆਂ ਨਾਲ ਜੁੜਿਆ ਹੋਇਆ ਹੈ ਕਿਉਂਕਿ ਜਿਨ੍ਹਾਂ ਵਿਕਾਸ ਇਸ ਸਰਕਾਰ ਦੇ ਕਾਰਜਕਾਲ ਦੌਰਾਨ ਹੋਇਆ ਹੈ ਉਨ੍ਹਾਂ ਕਾਂਗਰਸ ਜਾਂ ਗੱਠਜੋੜ ਦਾ ਸਰਕਾਰਾਂ ਦੌਰਾਨ ਕਦੇ ਵੀ ਨਹੀਂ ਹੋਇਆ। ਪਾਰਟੀ ਦੀ ਟਿਕਟਾਂ ਉਮੀਦਵਾਰਾਂ ਨੂੰ ਪੂਰੀ ਤਰ੍ਹਾਂ ਮੈਰਿਟ ਉੱਤੇ ਦੇਣ ਦੀ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਅਜਿਹੇ ਉਮੀਦਵਾਰ ਚੋਣ ਮੈਦਾਨ ਵਿਚ ਉਤਾਰੇ ਜਾਣਗੇ ਜੋ ਜੇਤੂ ਪੁਜੀਸ਼ਨ ਵਿਚ ਰਹਿਣਗੇ ਅਤੇ ਇਸ ਉਪਰੰਤ ਸੰਗਰੂਰ ਨਗਰ ਕੌਂਸਲ ਉੱਪਰ ਭਾਜਪਾ ਦਾ ਝੰਡਾ ਲਹਿਰਾਉਣਾ ਤੈਅ ਹੈ। ਇਸ ਮੌਕੇ ਐਡਵੋਕੇਟ ਗੁਰਸੇਵਕ ਸਿੰਘ ਕਾਕੂ ਈਲਵਾਲ ਅਤੇ ਪਵਨ ਕੁਮਾਰ ਗਰਗ ਵੀ ਮੌਜੂਦ ਸਨ।

ਲੌਂਗੋਵਾਲ ਵਿਖੇ ਚਾਰਦੀਵਾਰੀ ਦੇ ਉਦਘਾਟਨ ਮੌਕੇ ਕੈਬਨਿਟ ਮੰਤਰੀ ਅਮਨ ਅਰੋੜਾ ਦਾ ਸਨਮਾਨ ਕਰਦੇ ਹੋਏ ਸਥਾਨਕ ਭਾਈਚਾਰੇ ਦੇ ਆਗੂ। ਤਸਵੀਰ: ਵਿਨੋਦ

ਅਰੋੜਾ ਨੇ ਕਬਰਿਸਤਾਨ ਦੀ ਚਾਰਦੀਵਾਰੀ ਦਾ ਕੰਮ ਸ਼ੁਰੂ ਕਰਵਾਇਆ

ਲੌਂਗੋਵਾਲ, 8 ਦਸੰਬਰ (ਵਿਨੋਦ, ਖੰਨਾ) - ਕੈਬਨਿਟ ਮੰਤਰੀ ਅਮਨ ਅਰੋੜਾ ਨੇ ਅੱਜ ਇਥੇ 21 ਲੱਖ ਰੁਪਏ ਦੀ ਲਾਗਤ ਨਾਲ ਮੁਕੰਮਲ ਹੋਣ ਵਾਲੇ ਕਬਰਿਸਤਾਨ ਦੀ ਚਾਰਦੀਵਾਰੀ ਦਾ ਕੰਮ ਸ਼ੁਰੂ ਕਰਵਾ ਕੇ ਮੁਸਲਿਮ ਭਾਈਚਾਰੇ ਦੀ ਵੱਡੀ ਮੰਗ ਨੂੰ ਪੂਰਾ ਕੀਤਾ। ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਪੰਜਾਬ ਸਰਕਾਰ ਵਲੋਂ ਪਿੰਡਾਂ ਅਤੇ ਸ਼ਹਿਰਾਂ ਵਿਚ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਦਾ ਜ਼ਿਕਰ ਕਰਦਿਆਂ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਹਰ ਵਰਗ ਦੇ ਲੋਕਾਂ ਨੂੰ ਸਹੂਲਤਾਂ ਦਿੱਤੀਆਂ ਹਨ। ਲੌਂਗੋਵਾਲ ਕਸਬੇ ਵਿਚ ਰਿਕਾਰਡ ਤੋੜ ਵਿਕਾਸ ਕਾਰਜ ਹੋ ਰਹੇ ਹਨ। ਇਸ ਮੌਕੇ ਪਰਮਿੰਦਰ ਕੌਰ ਬਰਾੜ ਪ੍ਰਧਾਨ ਨਗਰ ਕੌਂਸਲ, ਬਲਵਿੰਦਰ ਸਿੰਘ ਢਿੱਲੋਂ, ਵਿੱਕੀ ਵਸ਼ਿਸ਼ਟ ਬਲਾਕ ਪ੍ਰਧਾਨ, ਗੁਰਜੰਟ ਖਾਨ, ਕਮਲ ਬਰਾੜ, ਕਰਮ ਸਿੰਘ ਬਰਾੜ, ਸਾਬਕਾ ਪ੍ਰਧਾਨ ਸੂਬੇਦਾਰ ਮੇਲਾ ਸਿੰਘ, ਸੁਖਪਾਲ ਬਾਜਵਾ, ਗੁਰਦੀਪ ਸਿੰਘ ਤਕੀਪੁਰ, ਕੌਂਸਲਰ ਗੁਰਮੀਤ ਸਿੰਘ ਫੌਜੀ, ਸ਼ਿਸ਼ਨ ਪਾਲ ਗਰਗ, ਕਬਰਿਸਤਾਨ ਕਮੇਟੀ ਦੇ ਪ੍ਰਧਾਨ ਸਬੀਰ ਖ਼ਾਨ, ਮਸਜਿਦ ਦੇ ਪ੍ਰਧਾਨ ਹਰਬੰਸ ਖ਼ਾਨ, ਸ਼ਮਸ਼ਾਦ ਖ਼ਾਨ, ਸੋਨੀ ਖ਼ਾਨ, ਤਾਜ ਖ਼ਾਨ ਮੌਜੂਦ ਸਨ।

ਕੌਮਾਂਤਰੀ ਮਨੁੱਖੀ ਅਧਿਕਾਰ ਦਿਵਸ ਮੌਕੇ ਸਮਾਗਮ

ਸੰਗਰੂਰ, 8 ਦਸੰਬਰ (ਧੀਰਜ ਪਸ਼ੌਰੀਆ) - ਜਮਹੂਰੀ ਅਧਿਕਾਰ ਸਭਾ ਪੰਜਾਬ , ਤਰਕਸ਼ੀਲ ਸੁਸਾਇਟੀ ਪੰਜਾਬ ਅਤੇ ਜਨਤਕ ਜਮਹੂਰੀ ਜਥੇਬੰਦੀਆਂ ਸੰਗਰੂਰ ਵਲੋਂ ਸਥਾਨਕ ਪਰਜਾਪਤ ਧਰਮਸ਼ਾਲਾ ਵਿਖੇ ਕੌਮਾਂਤਰੀ ਮਨੁੱਖੀ ਅਧਿਕਾਰ ਦਿਵਸ ਨੂੰ ਸਮਰਪਿਤ ਕਨਵੈਨਸ਼ਨ ਦਾ ਆਯੋਜਨ ਕੀਤਾ ਗਿਆ। ਸੂਬਾ ਆਗੂ ਸਵਰਨਜੀਤ ਸਿੰਘ ਵਲੋਂ ਜੀ ਆਇਆ ਕਹਿੰਦਿਆਂ ਪ੍ਰੋਗਰਾਮ ਦੇ ਮਕਸਦ ਬਾਰੇ ਜਾਣੂ ਕਰਵਾਇਆ। ਜਨਤਕ ਤੇ ਜਮਹੂਰੀ ਜਥੇਬੰਦੀਆਂ ਦੀ ਅਗਵਾਈ ਵਿਚ ਆਯੋਜਿਤ ਕਨਵੈਨਸ਼ਨ ਵਿਚ ਭਾਰਤੀ ਸਟੇਟ ਵਲੋਂ ਅਵਾਮ ਦੇ ਹਰ ਤਰ੍ਹਾਂ ਦੇ ਜਮਹੂਰੀ ਹੱਕਾਂ ਨੂੰ ਕੁਚਲਣ, ਵੱਖਰੇ ਵਿਚਾਰ ਰੱਖਣ ਵਾਲਿਆਂ, ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਤੇ ਵਿਚਾਰ ਰੱਖਣ ਵਾਲਿਆਂ ਬੁੱਧੀਜੀਵੀਆਂ ਨੂੰ ਜੇਲ੍ਹੀਂ ਡੱਕਣ, ਲੋਕਤੰਤਰ ਦੀਆਂ ਬੇਰਹਿਮੀ ਨਾਲ ਧੱਜੀਆਂ ਉਡਾਉਣ, ਜ਼ਬਾਨਬੰਦੀ ਤਹਿਤ ਚੱਲਦਿਆਂ ਤਰਾਂ ਤਰਾਂ ਦੇ ਕਾਲੇ ਕਾਨੂੰਨ ਬਣਾਉਣ, ਕਿਸਾਨ ਮਜ਼ਦੂਰਾਂ ਦੇ ਹੱਕੀ ਸੰਘਰਸ਼ਾਂ ਨੂੰ ਕੁਚਲਨ, ਕੌਮੀ ਜਾਂਚ ਏਜੰਸੀਆਂ ਨੂੰ ਆਪਣੇ ਹਿਤਾਂ ਲਈ ਵਰਤਣ, ਸਮਾਜ ਦਾ ਧਾਰਮਿਕ ਤੌਰ 'ਤੇ ਧਰੁਵੀਕਰਨ ਕਰਨ, ਘੱਟ ਗਿਣਤੀਆਂ ਤੇ ਦੇਸ਼ ਧ੍ਰੋਹੀ ਦਾ ਠੱਪਾ ਲਗਾਉਣ, ਦਲਿਤਾਂ ਆਦਿ ਵਾਸੀਆਂ ਨੂੰ ਉਜਾੜ ਕੇ ਜਲ, ਜ਼ਮੀਨ ਕਾਰਪੋਰੇਟ ਘਰਾਨਿਆਂ ਦੇ ਹਵਾਲੇ ਕਰਨ ਲਈ ਤੱਤਪਰ ਰਹਿਣ ਵਰਗੇ ਗੰਭੀਰ ਮੁੱਦਿਆਂ 'ਤੇ ਬੁਲਾਰਿਆਂ ਵਲੋਂ ਵਿਸਥਾਰਤ ਭਰਪੂਰ ਚਰਚਾ ਕੀਤੀ ਗਈ। ਮੁੱਖ ਬੁਲਾਰਿਆਂ 'ਚੋਂ ਜਿੱਥੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੀ ਵਕੀਲ ਅਮਨਦੀਪ ਕੌਰ ਨੇ ਲੋਕ ਮਾਰੂ ਕਾਲੇ ਕਾਨੂੰਨਾਂ ਦੀ ਬਰੀਕੀ ਨਾਲ ਵਿਆਖਿਆ ਕਰਦਿਆਂ ਕਿਹਾ ਨਵੇਂ ਬਣਾਏ ਕਾਨੂੰਨਾਂ ਵਿਚ ਪੁਲਿਸ ਨੂੰ ਅਥਾਹ ਸ਼ਕਤੀਆਂ, ਇਸ ਲਈ ਦਿੱਤੀਆਂ ਗਈਆਂ ਹਨ ਤਾਂ ਜੋ ਰਾਜ ਸੱਤਾ ਜਿੱਥੇ ਇਸ ਨੂੰ ਆਪਣੇ ਹਿਤਾਂ ਲਈ ਵਰਤ ਸਕੇ, ਉੱਥੇ ਉੱਘੇ ਲੇਖਕ ਅਤੇ ਜਮਹੂਰੀ ਅਧਿਕਾਰ ਸਭਾ ਦੇ ਸੂਬਾ ਆਗੂ ਬੂਟਾ ਸਿੰਘ ਮਹਿਮੂਦਪੁਰ ਨੇ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ 'ਤੇ ਚਾਨਣਾ ਪਾਇਆ। ਮੰਚ ਸੰਚਾਲਨ ਪਰਮਵੇਦ ਵਲੋਂ ਬਾਖ਼ੂਬੀ ਕੀਤਾ ਗਿਆ, ਜਦੋਂ ਕਿ ਪ੍ਰਧਾਨਗੀ ਮੰਡਲ ਵਿਚ ਇਕਾਈ ਪ੍ਰਧਾਨ ਜਗਜੀਤ ਭੁਟਾਲ, ਕਰਨੈਲ ਜਖੇਪਲ, ਕਾਮਰੇਡ ਸੁਖਦੇਵ ਸ਼ਰਮਾ, ਮੁਕੇਸ਼ ਮਲੌਦ, ਲਾਲ ਚੰਦ, ਬਲਜੀਤ ਨਮੋਲ, ਚਰਨਜੀਤ ਪਟਵਾਰੀ, ਮਹਿੰਦਰ ਭੱਠਲ, ਰੋਹੀ ਸਿੰਘ ਮੰਗਵਾਲ ਸ਼ਾਮਿਲ ਹੋਏ। ਇਕਾਈ ਪ੍ਰਧਾਨ ਜਗਜੀਤ ਭੁਟਾਲ ਵਲੋਂ ਕਨਵੈਨਸ਼ਨ ਵਿਚ ਸ਼ਾਮਿਲ ਸਾਰਿਆਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਤਰਕਸ਼ੀਲ ਸੋਸਾਇਟੀ ਦੇ ਬਲਬੀਰ ਲੌਂਗੋਵਾਲ, ਸੁਰਿੰਦਰ ਪਾਲ ਉਪਲੀ, ਗੁਰਦੀਪ ਲਹਿਰਾ, ਸਭਾ ਦੇ ਸਕੱਤਰ ਕੁਲਦੀਪ ਸਿੰਘ, ਮਨਧੀਰ ਸਿੰਘ, ਸੀਨੀਅਰ ਆਗੂ ਬਾਸੇਸਰ ਰਾਮ, ਜੁਝਾਰ ਲੌਂਗੋਵਾਲ, ਅਦਾਰਾ ਤਰਕਸ ਦੇ ਇਨਜਿੰਦਰ ਖੀਵਾ, ਡੀ.ਟੀ.ਐੱਫ ਦੇ ਦਾਤਾ ਸਿੰਘ ਨਮੋਲ, ਹਰਭਗਵਾਨ ਗੁਰਨੇ, ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਦੇ ਬਲਜੀਤ ਨਮੋਲ, ਆਈ.ਡੀ.ਪੀ ਦੇ ਫਲਜੀਤ ਸਿੰਘ, ਕੰਪਿਊਟਰ ਯੂਨੀਅਨ ਦੇ ਪਰਮਵੀਰ ਸਿੰਘ, ਡੀ.ਟੀ.ਐਫ ਰਘਵੀਰ ਸਿੰਘ ਭਵਾਨੀਗੜ੍ਹ, ਮੇਘ ਰਾਜ, ਕਿਰਤੀ ਕਿਸਾਨ ਯੂਨੀਅਨ ਦੇ ਭੁਪਿੰਦਰ ਲੌਂਗੋਵਾਲ ਦਰਸ਼ਨ ਕੂੰਨਰਾ, ਜਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਜਗਤਾਰ ਤੋਲੇਵਾਲ , ਦੇਸ਼ ਭਗਤ ਯਾਦਗਾਰ ਲੌਂਗੋਵਾਲ ਦੇ ਲਖਵੀਰ ਲੱਖੀ, ਮਜ਼ਦੂਰ ਆਗੂ ਧਰਮਪਾਲ ਨਮੋਲ, ਵਿਸਾਖਾ ਸਿੰਘ, ਵਿਸ਼ਵਕਾਂਤ ਸੁਨਾਮ, ਅਮਰੀਕ ਖੋਖਰ, ਲਛਮਣ ਅਲੀਸ਼ੇਰ, ਗੁਰਮੇਲ ਭੁਟਾਲ, ਚੰਦ ਸਿੰਘ ਆਦਿ ਆਗੂਆਂ ਤੋਂ ਇਲਾਵਾ ਵੱਡੀ ਗਿਣਤੀ ਵਿਚ ਵੱਖ ਵੱਖ ਕਿਸਾਨ, ਮਜ਼ਦੂਰ, ਮੁਲਾਜ਼ਮ, ਜਨਤਕ ਜਮਹੂਰੀ ਜਥੇਬੰਦੀਆਂ ਕਾਰਕੁਨ ਹਾਜ਼ਰ ਸਨ। ਗੁਰਪਿਆਰ ਸਿੰਘ, ਕੁਲਵਿੰਦਰ ਬੰਟੀ, ਗੁਰਚਰਨ ਸਿੰਘ ਅਕੋਈ, ਮਿੰਟੂ ਨਮੋਲ ਵਲੋਂ ਇਨਕਲਾਬੀ ਗੀਤ ਪੇਸ਼ ਕੀਤੇ ਗਏ। ਅੰਤ 'ਤੇ ਮਨਧੀਰ ਸਿੰਘ ਵਲੋਂ ਪੇਸ਼ ਕੀਤੇ ਮਤਿਆਂ ਨੂੰ ਹਾਊਸ ਦੁਆਰਾ ਹੱਥ ਖੜੇ ਕਰ ਕੇ ਪ੍ਰਵਾਨਗੀ ਦਿੱਤੀ ਗਈ।

ਸੁਖਬੀਰ ਸਿੰਘ ਬਾਦਲ 'ਤੇ ਹੋਏ ਹਮਲੇ ਦੀ ਜਾਂਚ ਹੋਵੇ - ਜਥੇ. ਤਰਲੋਚਨ ਸਿੰਘ ਧਲੇਰ

ਸੰਦੌੜ, 8 ਦਸੰਬਰ (ਗੁਰਪ੍ਰੀਤ ਸਿੰਘ ਚੀਮਾ)- ਸ਼੍ਰੋਮਣੀ ਅਕਾਲੀ ਦਲ (ਬ) ਦੇ ਜ਼ਿਲ੍ਹਾ ਮਲੇਰਕੋਟਲਾ ਦੇ ਪ੍ਰਧਾਨ ਜਥੇਦਾਰ ਤਰਲੋਚਨ ਸਿੰਘ ਧਲੇਰ ਕਲਾਂ ਅਤੇ ਸਰਕਲ ਸੰਦੌੜ ਦੇ ਪ੍ਰਧਾਨ ਮਨਦੀਪ ਸਿੰਘ ਮਾਣਕਵਾਲ ਨੇ ਬੀਤੇ ਦਿਨੀਂ ਸੁਖਬੀਰ ਸਿੰਘ ਬਾਦਲ 'ਤੇ ਹੋਏ ਜਾਨਲੇਵਾ ਹਮਲੇ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕਰਦੇ ਹੋਏ ਕਿਹਾ ਕਿ ਇਸ ਹਮਲੇ ਦੀ ਨਿਰਪੱਖ ਜਾਂਚ ਹੋਵੇ। ਉਨ੍ਹਾਂ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਰਗੇ ਮੁਕੱਦਸ ਸਥਾਨ 'ਤੇ ਵਾਪਰੀ ਇਹ ਘਟਨਾ ਅਤਿ ਨਿੰਦਣਯੋਗ ਹੈ। ਉਨ੍ਹਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਦੀ ਸੁਰੱਖਿਆ ਵਿਚ ਅਜਿਹੀ ਕੁਤਾਹੀ ਨਹੀਂ ਹੋਣੀ ਚਾਹੀਦੀ। ਉਨ੍ਹਾਂ ਕਿਹਾ ਕਿ ਘਟਨਾ ਪਿੱਛੇ ਦੇ ਕਾਰਣਾਂ ਦਾ ਪਤਾ ਕਰਨ ਲਈ ਇਸ ਮਾਮਲੇ ਦੀ ਉਚ ਪੱਧਰੀ ਜਾਂਚ ਹੋਣੀ ਚਾਹੀਦੀ ਹੈ।

ਜਥੇਦਾਰ ਤਰਲੋਚਨ ਸਿੰਘ ਧਲੇਰ ਕਲਾਂ ਅਤੇ ਮਨਦੀਪ ਸਿੰਘ ਮਾਣਕਵਾਲ।

ਕਸਬਾ ਲੌਂਗੋਵਾਲ ਵਿਖੇ ਭਾਜਪਾ ਦੇ ਸੀਨੀਅਰ ਵਰਕਰਾਂ ਨਾਲ ਮੀਟਿੰਗ ਕਰਦੇ ਹੋਏ ਸਤਵੰਤ ਸਿੰਘ ਪੂਨੀਆ। ਤਸਵੀਰ: ਸ.ਸ.ਖੰਨਾ

'ਆਪ' ਸਰਕਾਰ ਕੀਤੇ ਵਾਅਦਿਆਂ ਮੁਤਾਬਿਕ ਕਿਸਾਨਾਂ ਦੀਆਂ ਫ਼ਸਲਾਂ 'ਤੇ ਫ਼ੌਰੀ ਐਮ.ਐਸ.ਪੀ ਦੇਵੇ- ਪੂਨੀਆ

ਲੌਂਗੋਵਾਲ, 8 ਦਸੰਬਰ (ਸ.ਸ.ਖੰਨਾ, ਵਿਨੋਦ) - ਕਸਬਾ ਲੌਂਗੋਵਾਲ ਭਾਰਤੀ ਜਨਤਾ ਪਾਰਟੀ ਦੇ ਸਾਬਕਾ ਰਾਸ਼ਟਰੀ ਉਪ ਪ੍ਰਧਾਨ ਸਤਵੰਤ ਸਿੰਘ ਪੂਨੀਆ ਅੱਜ ਭਾਜਪਾ ਦੇ ਮੰਡਲ ਪ੍ਰਧਾਨ ਰਤਨ ਕੁਮਾਰ ਮੰਗੂ ਦੀ ਅਗਵਾਈ ਹੇਠ ਭਾਜਪਾ ਵਰਕਰਾਂ ਨਾਲ ਮੀਟਿੰਗ ਕਰਨ ਲਈ ਉਚੇਚੇ ਤੌਰ 'ਤੇ ਪਹੁੰਚੇ। ਉਨ੍ਹਾਂ ਆਪਣੇ ਭਾਸ਼ਣ ਦੌਰਾਨ ਸੰਬੋਧਨ ਕਰਦਿਆਂ ਕਿਹਾ ਕਿਸਾਨਾਂ ਨੂੰ ਟਕਰਾਓ ਦਾ ਰਸਤਾ ਤਿਆਗ ਕੇ ਕੇਂਦਰ ਨਾਲ ਗੱਲਬਾਤ ਕਰ ਕੇ ਆਪਣੇ ਮਸਲਿਆਂ ਦਾ ਹੱਲ ਕਰਵਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਆਮ ਆਦਮੀ ਪਾਰਟੀ ਨੇ ਚੋਣਾਂ ਤੋਂ ਪਹਿਲਾਂ ਵਾਅਦਾ ਕੀਤਾ ਸੀ, ਕਿਸਾਨਾਂ ਨੂੰ 23 ਫ਼ਸਲਾਂ 'ਤੇ ਐਮ.ਐਸ.ਪੀ. ਦਿੱਤੀ ਜਾਵੇਗੀ। ਹੁਣ ਆਪ ਸਰਕਾਰ ਆਪਣੇ ਉਸ ਵਾਅਦੇ ਨੂੰ ਪੂਰਾ ਕਰਨ ਤੋਂ ਪਾਸਾ ਵੱਟ ਰਹੀ ਹੈ। ਜਦ ਕਿ ਹਰਿਆਣਾ ਸਰਕਾਰ ਵਲੋਂ ਕਿਸਾਨਾਂ ਦੀਆਂ ਕਈ ਫ਼ਸਲਾਂ 'ਤੇ ਐਮ.ਐਸ.ਪੀ. ਦਿੱਤੀ ਜਾ ਰਹੀ ਹੈ, ਇਸ ਲਈ ਪੰਜਾਬ ਦੀ ਆਪ ਸਰਕਾਰ ਦਾ ਵੀ ਫ਼ਰਜ਼ ਬਣਦਾ ਹੈ ਕਿ ਕਿਸਾਨਾਂ ਦੇ ਹਿੱਤਾਂ ਨੂੰ ਧਿਆਨ ਵਿਚ ਰੱਖਦੇ ਹੋਏ ਐਮ.ਐਸ.ਪੀ. ਫ਼ੌਰੀ ਤੌਰ 'ਤੇ ਦੇਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਕਿਸਾਨਾਂ ਦੇ ਸਾਰੇ ਮਸਲਿਆਂ ਨੂੰ ਹੱਲ ਕਰਨ ਲਈ ਤਿਆਰ ਹੈ। ਇਸ ਲਈ ਕਿਸਾਨਾਂ ਨੂੰ ਟੇਬਲ 'ਤੇ ਬੈਠ ਕੇ ਗੱਲਬਾਤ ਨਾਲ ਆਪਣੇ ਮਸਲੇ ਹੱਲ ਕਰਵਾਉਣੇ ਚਾਹੀਦੇ ਹਨ। ਪੰਜਾਬ ਅੰਦਰ ਭਾਜਪਾ ਦੀ ਲੀਡਰਸ਼ਿਪ ਕਿਸਾਨਾਂ ਦੀ ਕੇਂਦਰ ਨਾਲ ਗੱਲਬਾਤ ਕਰਾਉਣ ਨੂੰ ਬਿਲਕੁਲ ਤਿਆਰ ਹੈ। ਉਨ੍ਹਾਂ ਕਿਹਾ ਕਿ ਸੂਬੇ ਦੀ ਆਪ ਸਰਕਾਰ ਹਰ ਫ਼ਰੰਟ 'ਤੇ ਬਿਲਕੁਲ ਫ਼ੇਲ੍ਹ ਸਾਬਿਤ ਹੋਈ ਹੈ। ਸੂਬੇ ਦੀਆਂ ਨਗਰ ਕੌਂਸਲ ਚੋਣਾਂ 'ਚ ਭਾਰਤੀ ਜਨਤਾ ਪਾਰਟੀ ਭਾਰੀ ਬਹੁਮਤ ਨਾਲ ਜਿੱਤ ਪ੍ਰਾਪਤ ਕਰੇਗੀ ਅਤੇ 2027 ਵਿਚ ਪੰਜਾਬ ਵਿਚ ਨਿਰੋਲ ਆਪਣੀ ਸਰਕਾਰ ਬਣਾਏਗੀ। ਇਸ ਮੌਕੇ ਭਾਜਪਾ ਦੇ ਮੰਡਲ ਲੌਂਗੋਵਾਲ ਪ੍ਰਧਾਨ ਰਤਨ ਕੁਮਾਰ ਮੰਗੂ, ਕੁਲਦੀਪ ਮੰਗਲਾ, ਬਬਲੂ ਸਿੰਗਲਾ, ਕੁਨਾਲ ਜਿੰਦਲ, ਸੋਨੂ ਜਿੰਦਲ, ਮੋਨੂ ਜਿੰਦਲ, ਮਨੀਸ਼ ਗਰਗ, ਪਾਰਸ ਸਿੰਘ ਆਦਿ ਮੌਜੂਦ ਸਨ।

ਉਪਦੇਸ਼ ਪਬਲਿਕ ਸਕੂਲ ਲਸੋਈ ਵਿਖੇ ਵਿਦਿਆਰਥੀਆਂ ਦੇ ਨਾਲ ਚੇਅਰਮੈਨ ਨਵਜੋਤ ਸਿੰਘ ਜਰਗ, ਪ੍ਰਿੰਸੀਪਲ ਅਮਨਦੀਪ ਸਿੰਘ, ਬਲਵਿੰਦਰ ਸਿੰਘ ਅਤੇ ਅਧਿਆਪਕ। ਤਸਵੀਰ: ਸਰੌਂਦ

ਯਾਦਗਾਰੀ ਹੋ ਨਿੱਬੜਿਆ ਉਪਦੇਸ਼ ਪਬਲਿਕ ਸਕੂਲ ਲਸੋਈ ਦਾ ਸਾਲਾਨਾ ਸਮਾਗਮ

ਕੁੱਪ ਕਲਾਂ, 8 ਦਸੰਬਰ (ਮਨਜਿੰਦਰ ਸਿੰਘ ਸਰੌਦ) - ਉਪਦੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਲਸੋਈ ਦਾ ਸਾਲਾਨਾ ਇਨਾਮ ਵੰਡ ਸਮਾਰੋਹ ਪ੍ਰਿੰਸੀਪਲ ਅਮਨਦੀਪ ਸਿੰਘ ਦੀ ਅਗਵਾਈ ਹੇਠ ਕਰਵਾਇਆ ਗਿਆ। ਸਮਾਗਮ ਦੌਰਾਨ ਅਕਾਦਮਿਕ, ਸਭਿਆਚਾਰਕ, ਖੇਡਾਂ ਅਤੇ ਧਾਰਮਿਕ ਖੇਤਰ ਵਿਚ ਕੀਤੀਆਂ ਗਈਆਂ ਪ੍ਰਾਪਤੀਆਂ ਦੇ ਬਦਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਸਕੂਲ ਦੇ ਵਿਦਿਆਰਥੀਆਂ ਵਲੋਂ ਵੱਖ-ਵੱਖ ਗਤੀਵਿਧੀਆਂ ਮੰਚ ਤੇ ਪੇਸ਼ ਕੀਤੀਆਂ ਗਈਆਂ। ਸਮਾਗਮ ਵਿਚ ਆਪ ਦੇ ਸੀਨੀਅਰ ਆਗੂ ਨਵਜੋਤ ਸਿੰਘ ਮੰਡੇਰ ਚੇਅਰਮੈਨ ਜੈਨਕੋ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਆਖਿਆ ਕਿ ਨੌਜਵਾਨ ਵਰਗ ਨੂੰ ਸਿੱਖਿਆ ਵਿਚ ਨਿਪੁੰਨ ਹੋਣਾ ਬੇਹੱਦ ਜ਼ਰੂਰੀ ਹੈ। ਸਰਪੰਚ ਹਰਭਜਨ ਸਿੰਘ, ਨੰਬਰਦਾਰ ਜਸਪਾਲ ਸਿੰਘ, ਪੰਚ ਇਕਬਾਲ ਸਿੰਘ, ਪੰਚ ਕੁਲਦੀਪ ਸਿੰਘ, ਪੰਚ ਦਲਵੀਰ ਸਿੰਘ ਕਾਕਾ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਸੰਸਥਾ ਸਰਪ੍ਰਸਤ ਬਲਵਿੰਦਰ ਸਿੰਘ ਅਤੇ ਐਮ.ਡੀ. ਲਾਭ ਸਿੰਘ ਨੇ ਬੱਚਿਆਂ ਅਤੇ ਸ਼ਖ਼ਸੀਅਤਾਂ ਨੂੰ ਸੰਬੋਧਨ ਕੀਤਾ। ਅਕਾਦਮਿਕ ਖੇਤਰ ਤੋਂ ਇਲਾਵਾ ਸਕੂਲ ਦੇ ਵਿਦਿਆਰਥੀ ਜਿਨ੍ਹਾਂ ਨੇ ਸਟੇਟ ਪੱਧਰ ਅਤੇ ਨੈਸ਼ਨਲ ਪੱਧਰ ਖੇਡਾਂ ਵਿਚ ਸ਼ਮੂਲੀਅਤ ਕੀਤੀ, ਜਿਵੇਂ ਕਿ ਅਵਨੀਤ ਕੌਰ ਗੱਤਕਾ ਖੇਡ, ਗੁਰਸ਼ਾਨ ਸਿੰਘ ਫੁੱਟਬਾਲ ਅਤੇ ਅਥਲੈਟਿਕ, ਤਰਨਪ੍ਰੀਤ ਕੌਰ, ਸੁਖਮਨਜੀਤ ਕੌਰ, ਐਲਸ਼ਦੀਪ ਕੌਰ ਨੂੰ ਫੁੱਟਬਾਲ ਖੇਡ ਵਿਚ ਸਟੇਟ ਪੱਧਰ ਤੇ ਖੇਡਣ ਲਈ ਸਨਮਾਨਿਤ ਕੀਤਾ ਗਿਆ। ਲਸੋਈ ਬੈਂਕ ਦੇ ਬ੍ਰਾਂਚ ਮੈਨੇਜਰ ਸ਼੍ਰੀ ਅਸ਼ਵਨੀ ਕੁਮਾਰ ਨੇ ਬੱਚਿਆਂ ਨੂੰ ਇਨਾਮ ਤਕਸੀਮ ਕੀਤੇ ਅਤੇ ਪੁਲਿਸ ਚੌਂਕੀ ਇੰਚਾਰਜ ਸ਼੍ਰੀ ਚੰਦ ਰਾਮ ਨੇ ਹਾਜ਼ਰੀ ਭਰੀ। ਸੰਸਥਾ ਮੁਖੀ ਅਮਨਦੀਪ ਸਿੰਘ ਵਲੋਂ ਮੁੱਖ ਮਹਿਮਾਨ ਅਤੇ ਮਾਪਿਆਂ ਦੀ ਹਾਜ਼ਰੀ ਵਿਚ ਸਾਲਾਨਾ ਰਿਪੋਰਟ ਪੜ੍ਹੀ ਗਈ। ਅੰਤ ਵਿਚ ਸੰਸਥਾ ਸਰਪ੍ਰਸਤ ਬਲਵਿੰਦਰ ਸਿੰਘ ਅਤੇ ਲਾਭ ਸਿੰਘ ਨੇ ਸਾਰੇ ਬੱਚਿਆਂ ਅਤੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਭਵਿੱਖ ਵਿਚ ਹੋਰ ਮਿਹਨਤ ਕਰਨ ਲਈ ਪ੍ਰੇਰਨਾ ਦਿੰਦੇ ਹੋਏ ਸਾਰੇ ਹੀ ਮਹਿਮਾਨਾਂ ਦਾ ਬਹੁਤ ਧੰਨਵਾਦ ਕੀਤਾ। ਇਸ ਮੌਕੇ ਸਕੂਲੀ ਵਿਦਿਆਰਥੀਆਂ ਤੋਂ ਇਲਾਵਾ ਉਨ੍ਹਾਂ ਦੇ ਮਾਪੇ ਅਤੇ ਅਧਿਆਪਕ ਸਾਹਿਬਾਨ ਮੌਜੂਦ ਸਨ।

ਪ੍ਰਿੰਸੀਪਲ ਮੰਜੂਲਾ ਸ਼ਰਮਾ ਆਪਣੇ ਮਹਿਲਾ ਸਾਥੀਆਂ ਨਾਲ ਗੱਲਬਾਤ ਕਰਦੇ ਹੋਏ। ਤਸਵੀਰ: ਦਰਸ਼ਨ ਵਧਵਾ

ਭਾਜਪਾ ਦਾ ਮਹਿਲਾ ਮੋਰਚਾ ਬੇਹੱਦ ਮਜ਼ਬੂਤ ਸਥਿਤੀ 'ਚ-ਪ੍ਰਿੰਸੀਪਲ ਸ਼ਰਮਾ

ਸੰਗਰੂਰ, 8 ਦਸੰਬਰ (ਅਮਨਦੀਪ ਸਿੰਘ ਬਿੱਟਾ) - ਭਾਰਤੀ ਜਨਤਾ ਪਾਰਟੀ ਮਹਿਲਾ ਮੋਰਚਾ ਦੀ ਜ਼ਿਲ੍ਹਾ ਪ੍ਰਧਾਨ ਪ੍ਰਿੰਸੀਪਲ ਮੰਜੂਲਾ ਸ਼ਰਮਾ ਨੇ ਕਿਹਾ ਕਿ ਨਗਰ ਕੌਂਸਲ ਚੋਣਾਂ ਵਿਚ ਮਹਿਲਾਵਾਂ ਨੂੰ ਢੁਕਵੀਂ ਪ੍ਰਤੀਨਿਧਤਾ ਦਿਵਾਉਣਾ ਉਨ੍ਹਾਂ ਦਾ ਮੁੱਖ ਏਜੰਡਾ ਹੈ। ਉਨ੍ਹਾਂ ਕਿਹਾ ਕਿ ਭਾਜਪਾ ਮਹਿਲਾ ਮੋਰਚਾ ਇਸ ਸਮੇਂ ਸੰਗਰੂਰ ਜ਼ਿਲ੍ਹੇ ਵਿਚ ਬੇਹੱਦ ਮਜਬੂਤ ਸਥਿਤੀ ਵਿਚ ਹੈ ਅਤੇ ਭਾਜਪਾ ਦੀ ਮੈਂਬਰਸ਼ਿਪ ਮੁਹਿੰਮ ਵਿਚ ਵੱਡਾ ਯੋਗਦਾਨ ਪਾ ਰਿਹਾ ਹੈ। ਅੰਮ੍ਰਿਤਸਰ ਵਿਖੇ ਹੋ ਰਹੇ ਸਹਿਕਾਰ ਭਾਰਤੀ ਦੇ ਰਾਸ਼ਟਰੀ ਅਧਿਵੇਸ਼ਨ ਵਿਚ ਹਿੱਸਾ ਲੈਣ ਤੋਂ ਪਹਿਲਾਂ ਸੰਗਰੂਰ ਵਿਖੇ ਵਿਸ਼ੇਸ਼ ਗੱਲਬਾਤ ਦੌਰਾਨ ਪ੍ਰਿੰਸੀਪਲ ਸ਼ਰਮਾ ਨੇ ਕਿਹਾ ਕਿ ਭਾਜਪਾ ਦੀ ਇਹ ਦੂਰਅੰਦੇਸ਼ੀ ਹੈ ਕਿ ਮਹਿਲਾਵਾਂ ਨੂੰ ਆਰਥਿਕ ਤੌਰ ਉੱਤੇ ਆਤਮਨਿਰਭਰ ਬਣਾਇਆ ਜਾਵੇ ਅਤੇ ਇਸ ਕੜ੍ਹੀ ਅਧੀਨ ਸੰਗਰੂਰ ਦੀ ਮਹਿਲਾਵਾਂ ਦੀ ਵੱਡੀ ਗਿਣਤੀ ਵਿਚ ਸਹਿਕਾਰ ਭਾਰਤੀ ਲਹਿਰ ਨਾਲ ਜੁੜੀਆਂ ਹਨ। ਇਸ ਮੌਕੇ ਰਾਜਵੀਰ ਕੌਰ, ਕ੍ਰਿਸ਼ਨਾ, ਰਵਿੰਦਰ ਕੌਰ, ਸੁਨੰਦਾ, ਸੰਦੀਪ, ਪਰਸਜੀਤ ਅਤੇ ਸਲੋਚਨਾ ਵੀ ਮੌਜੂਦ ਸਨ।

ਵਿਦਿਆਰਥੀਆਂ ਨੂੰ ਆਪਣੀ ਸੁਰੱਖਿਆ ਲਈ ਐਨ.ਡੀ.ਆਰ.ਐਫ ਦੇ ਅਧਿਕਾਰੀ ਜਾਣਕਾਰੀ ਦਿੰਦੇ ਹੋਏ। ਤਸਵੀਰ: ਸ.ਸ.ਖੰਨਾ

ਕੇਂਦਰੀ ਵਿਦਿਆਲਿਆ ਸਲਾਈਟ ਵਿਖੇ ਐਨ.ਡੀ.ਆਰ.ਐਫ. ਦੀ ਟੀਮ ਵਲੋਂ ਕੈਂਪ

ਲੌਂਗੋਵਾਲ, 8 ਦਸੰਬਰ (ਸ.ਸ.ਖੰਨਾ) - ਕੇਂਦਰੀ ਵਿਦਿਆਲਿਆ ਸਲਾਈਟ ਲੌਂਗੋਵਾਲ ਵਿਖੇ ਸਕੂਲ ਸੁਰੱਖਿਆ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਐਨ.ਡੀ.ਆਰ.ਐਫ., ਦੀ ਟੀਮ ਵਲੋਂ ਵਿਦਿਆਰਥੀਆਂ ਨੂੰ ਜੀਵਨ ਬਚਾਉਣ ਦੇ ਲਈ ਵੱਖ-ਵੱਖ ਸਾਵਧਾਨੀਆਂ ਰੱਖਣ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਅਤੇ ਭੂਚਾਲ ਦੀ ਸਥਿਤੀ ਵਿਚ ਅਪਣਾਈ ਜਾਣ ਵਾਲੀ ਡਰਾਪ-ਕਵਰ ਹੋਲਡ ਰਣਨੀਤੀ ਬਾਰੇ ਵੀ ਦੱਸਿਆ। ਵਿਦਿਆਰਥੀਆਂ ਨੂੰ ਸੀ.ਪੀ.ਆਰ. ਅਤੇ ਮੂੰਹ-ਤੋਂ-ਮੂੰਹ ਰੀਸਸੀਟੇਸ਼ਨ ਦੀਆਂ ਸਹੀ ਤਕਨੀਕਾਂ ਦਾ ਪ੍ਰਦਰਸ਼ਨ ਵੀ ਕੀਤਾ ਗਿਆ। ਟੀਮ ਅਧਿਕਾਰੀਆਂ ਵਲੋਂ ਐਮਰਜੈਂਸੀ ਦੀ ਸਥਿਤੀ ਵਿਚ ਉਪਲਬਧ ਸਮੱਗਰੀ ਤੋਂ ਸਟਰੈਚਰ ਬਣਾਉਣ ਦੇ ਤਿੰਨ ਵੱਖ-ਵੱਖ ਤਰੀਕਿਆਂ ਦਾ ਪ੍ਰਦਰਸ਼ਨ ਕੀਤਾ। ਵਿਦਿਆਰਥੀਆਂ ਨੂੰ ਅੱਗ ਬੁਝਾਉਣ ਵਾਲੇ ਯੰਤਰਾਂ ਦੀ ਵਰਤੋਂ ਅਤੇ ਸੰਭਾਲ ਕਰਨ ਬਾਰੇ ਵੀ ਚਾਨਣਾ ਪਾਇਆ ਗਿਆ। ਅੱਗ ਲੱਗਣ ਦੀ ਸਥਿਤੀ ਵਿਚ ਟੀਮ ਨੇ ਵਿਦਿਆਰਥੀਆਂ ਨੂੰ ਲਾਈਫ-ਜੈਕਟਾਂ ਅਤੇ ਲਾਈਫ-ਬੁਆਏਜ਼ ਦੇ ਪ੍ਰਭਾਵ ਬਾਰੇ ਜਾਣਕਾਰੀ ਦਿੱਤੀ ਅਤੇ ਆਪਣੇ ਜੀਵਨ ਨੂੰ ਬਚਾਉਣ ਦੇ ਲਈ ਬਹੁਤ ਸਾਰੇ ਮਹੱਤਵਪੂਰਨ ਨੁਕਤੇ ਵੀ ਸਾਂਝੇ ਕੀਤੇ ਗਏ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਹਰੀ ਹਰ ਯਾਦਵ, ਸੰਦੀਪ ਅਲਾਵਤ, ਮੈਡਮ ਦਿਵਿਆ ਸ਼ਰਮਾ, ਮੈਡਮ ਸ਼ਰਮੀਲਾ, ਮੈਡਮ ਕੁਸਮਲਤਾ, ਕੇ.ਜੀਤ ਸਿੰਘ, ਸ੍ਰੀ ਵਿਜੇਇੰਦਰ

ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਬੂਟੇ ਲਗਾਏ

ਧੂਰੀ, 8 ਦਸੰਬਰ (ਲਖਵੀਰ ਸਿੰਘ ਧਾਂਦਰਾ) - ਸ਼੍ਰੀ ਗੁਰੂ ਤੇਗ਼ ਬਹਾਦਰ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਸਟੈਪ ਆਨ ਸੁਸਾਇਟੀ ਅਤੇ ਗਊ ਧਾਮ ਹਸਪਤਾਲ ਕੱਕੜਵਾਲ ਵਲੋਂ ਕੱਕੜਵਾਲ ਚੌਂਕ ਦੇ ਸਮੂਹ ਦੁਕਾਨਦਾਰ ਦੇ ਸਹਿਯੋਗ ਨਾਲ ਸੰਗਰੂਰ ਮਾਲੇਰਕੋਟਲਾ ਰੋਡ 'ਤੇ ਬਣੇ ਡਿਵਾਇਡਰ 'ਤੇ ਬੂਟੇ ਲਗਾਏ ਗਏ, ਉੱਥੇ ਦੇ ਦੁਕਾਨਦਾਰ ਵੀਰਾਂ ਨੇ ਇਨ੍ਹਾਂ ਬੂਟਿਆਂ ਨੂੰ ਸੰਭਾਲਣ ਅਤੇ ਇਨ੍ਹਾਂ ਵਿਚ ਪਾਣੀ ਪਾਉਣ ਦੀ ਜ਼ਿੰਮੇਵਾਰੀ ਵੀ ਲਈ। ਇਸ ਸਮੇਂ ਸੁਰੇਸ਼ ਕੁਮਾਰ ਸੋਨੀ, ਅਮਨਪ੍ਰੀਤ ਬਾਵਾ, ਰਜ਼ਨੀਸ਼ ਕੁਮਾਰ ਵਿੱਕੀ, ਰੋਮੀ ਵਰਮਾ, ਹਰਿੰਦਰ ਸ਼ਰਮਾਂ ਹੈਪੀ, ਰਿੰਕੂ ਬਾਂਸਲ, ਤਰੁਣ ਗਰਗ, ਜੌਲੀ ਗਰਗ, ਅਰੁਣ ਗੁਪਤਾ ਅਤੇ ਹੋਰ ਵੀ ਮੌਜੂਦ ਸਨ।

ਵਾਤਾਵਰਨ ਦੀ ਸ਼ੁੱਧਤਾ ਲਈ ਬੂਟੇ ਲਗਾਉਣ ਦਾ ਦ੍ਰਿਸ਼। ਤਸਵੀਰ: ਲਖਵੀਰ ਸਿੰਘ ਧਾਂਦਰਾ

ਪ੍ਰੋ ਲਾਈਫ਼ ਬਲੱਡ ਬੈਂਕ ਵਲੋਂ ਐਚ.ਡੀ.ਐਫ.ਸੀ. ਬੈਂਕ ਦੇ ਸਹਿਯੋਗ ਨਾਲ ਭੱਕੂ ਕਲੀਨਿਕ ਅਹਿਮਦਗੜ੍ਹ ਵਿਖੇ ਲਗਾਏ ਖ਼ੂਨਦਾਨ ਕੈਂਪ ਦੌਰਾਨ ਖ਼ੂਨਦਾਨੀਆਂ ਦੀ ਹੌਸਲਾ ਅਫਜ਼ਾਈ ਕਰਦੇ ਹੋਏ ਪ੍ਰਬੰਧਕ ਅਤੇ ਪਤਵੰਤੇ। ਤਸਵੀਰ: ਮਹੋਲੀ

ਖ਼ੂਨਦਾਨ ਕੈਂਪ ਦੌਰਾਨ ਵੱਡੀ ਗਿਣਤੀ 'ਚ ਦਾਨੀਆਂ ਵਲੋਂ ਖ਼ੂਨਦਾਨ

ਅਹਿਮਦਗੜ੍ਹ, 8 ਦਸੰਬਰ (ਰਣਧੀਰ ਸਿੰਘ ਮਹੋਲੀ) - ਪ੍ਰੋ ਲਾਈਫ਼ ਹਸਪਤਾਲ ਬਲੱਡ ਬੈਂਕ ਅਤੇ ਐਚ.ਡੀ.ਐਫ.ਸੀ ਦੇ ਸਹਿਯੋਗ ਨਾਲ ਭੱਕੂ ਕਲੀਨਿਕ ਅਹਿਮਦਗੜ੍ਹ ਵਿਖੇ ਵਿਸ਼ਾਲ ਖ਼ੂਨਦਾਨ ਕੈਂਪ ਲਗਾਇਆ ਗਿਆ। ਪ੍ਰੋਜੈਕਟ ਚੇਅਰਮੈਨ ਹਰਮੇਲ ਸਿੰਘ, ਡਾ ਰਾਜੀਵ ਭੱਕੂ ਆਦਿ ਪ੍ਰਬੰਧਕਾਂ ਦੀ ਅਗਵਾਈ ਵਿਚ ਲਗਾਏ ਖ਼ੂਨਦਾਨ ਕੈਂਪ ਦੌਰਾਨ ਹੈਪੀ ਬਾਬਾ ਛਪਾਰ, ਡਾ ਵਰਿੰਦਰ ਜੈਨ ਨੈਸ਼ਨਲ ਵਾਈਸ ਚੇਅਰਮੈਨ ਸੇਵਾ ਟਰੱਸਟ ਯੂ ਕੇ, ਸਾਬਕਾ ਨਗਰ ਕੌਂਸਲ ਪ੍ਰਧਾਨ ਪਰਮਜੀਤ ਜੱਸਲ ਤੇ ਵਿਕਾਸ ਟੰਡਨ, ਅਵਤਾਰ ਸਿੰਘ ਜੱਸਲ, ਕੁਲਵੰਤ ਸਿੰਘ ਸੋਹਲ, ਪ੍ਰਿੰਸੀਪਲ ਜਸਵਿੰਦਰ ਸਿੰਘ ਖ਼ਾਲਸਾ, ਚੰਦਨ ਬਾਬਾ, ਨਿਰਮਲ ਸਿੰਘ ਪੰਧੇਰ ਅਤੇ ਹੋਰਨਾ ਆਗੂਆਂ ਵਲੋਂ ਸ਼ਿਰਕਤ ਕਰਦਿਆਂ ਖ਼ੂਨਦਾਨੀਆਂ ਦੀ ਹੌਸਲਾ ਅਫਜਾਈ ਕੀਤੀ। ਕੈਂਪ ਪ੍ਰਬੰਧਕਾਂ ਵਲੋਂ ਖ਼ੂਨਦਾਨੀਆਂ ਨੂੰ ਇਨਾਮੀ ਕੂਪਨਾਂ ਰਾਹੀਂ ਵੱਖ-ਵੱਖ ਗਿਫ਼ਟ ਆਈਟਮਾਂ ਦੇ ਇਨਾਮ ਦਿੱਤੇ। ਇਸ ਮੌਕੇ 'ਤੇ ਸੁਮਿਤ ਗੋਇਲ, ਦੀਪਕ ਗੋਇਲ, ਅਸ਼ੋਕ ਵਰਮਾ, ਬਲਜਿੰਦਰ ਸਿੰਘ ਧਾਲੀਵਾਲ, ਰੋਸ਼ੀ ਵਰਮਾ, ਰਾਜ ਕਮਲ, ਮਨੀਸ਼ ਮਲਹੋਤਰਾ, ਪਿੰਟੂ ਗੁਪਤਾ, ਸੁਰੇਸ਼ ਜੈਨ, ਗੰਗਾ ਵਿਸ਼ਵਾਸ, ਅਨਿਲ ਸਿੰਗਲਾ, ਡਾ ਬਲਦੇਵ ਮੱਕੜ, ਪਿੰਟੂ ਗੁਪਤਾ, ਸੰਜੀਵ ਗੁਪਤਾ ਆਦਿ ਮੌਜੂਦ ਸਨ।

ਬੱਚਿਆਂ ਨੂੰ ਸਨਮਾਨਿਤ ਕਰਦੇ ਮੁੱਖ ਮਹਿਮਾਨ ਅਤੇ ਸਕੂਲ ਪ੍ਰਬੰਧਕ। ਤਸਵੀਰ: ਸੁਖਜੀਤ ਸਿੰਘ ਖੇੜਾ

ਵਿਜ਼ਡਮ ਵਰਲਡ ਸਕੂਲ ਦਾ ਸਾਲਾਨਾ ਸਮਾਰੋਹ ਯਾਦਗਾਰ ਹੋ ਨਿੱਬੜਿਆ

ਅਹਿਮਦਗੜ੍ਹ, 8 ਦਸੰਬਰ (ਸੁਖਜੀਤ ਸਿੰਘ ਖੇੜਾ) - ਸਥਾਨਕ ਵਿਜ਼ਡਮ ਵਰਲਡ ਸਕੂਲ ਅਹਿਮਦਗੜ੍ਹ ਦਾ ਸਾਲਾਨਾ ਸਮਾਰੋਹ ਬਹੁਤ ਹੀ ਪ੍ਰਭਾਵਸ਼ਾਲੀ ਹੋ ਨਿਬੜਿਆ। ਸਮਾਗਮ ਦੀ ਸ਼ੁਰੂਆਤ ਸ੍ਰੀ ਰਾਜਨ ਸ਼ਰਮਾ (ਡੀ. ਐਸ. ਪੀ.) ਅਹਿਮਦਗੜ੍ਹ, ਸ: ਸੁਖਵਿੰਦਰ ਪਾਲ ਸਿੰਘ ਬਿੰਦਰਾ (ਨੈਸ਼ਨਲ ਕੌਂਸ਼ਲ ਮਨਿਸਟਰੀ ਐਂਡ ਇਮਪਾਵਰਮੈਂਟ) ਅਤੇ ਸ੍ਰੀ ਵਿਕਾਸ ਕ੍ਰਿਸ਼ਨ ਪ੍ਰਧਾਨ ਨਗਰ ਕੌਂਸਲ ਨੇ ਜੋਤ ਜਗਾ ਕੇ ਕੀਤੀ। ਸਕੂਲ ਦੀ ਮੈਨੇਜਿੰਗ ਕਮੇਟੀ ਅਤੇ ਸਕੂਲ਼ ਦੇ ਪ੍ਰਿੰਸੀਪਲ ਸ੍ਰੀਮਤੀ ਗਿਨਾਕਸ਼ੀ ਕਪੂਰ ਵੱਲੋਂ ਸਾਲਾਨਾ ਸਮਾਰੋਹ ਵਿਚ ਪਹੁੰਚੇ ਹੋਏ ਮੁੱਖ ਮਹਿਮਾਨਾਂ ਨੂੰ ਸਨਮਾਨ ਚਿੰਨ੍ਹ ਭੇਂਟ ਕਰ ਕੇ ਸਨਮਾਨਿਤ ਕੀਤਾ ਗਿਆ। ਸਕੂਲ ਦੇ ਚੇਅਰਮੈਨ ਸੰਜੇ ਢੰਡ ਨੇ ਸਕੂਲ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕੀਤਾ। ਸਾਲਾਨਾ ਸਮਾਰੋਹ ਦੀ ਸ਼ੁਰੂਆਤ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ ਨਾਲ ਕੀਤੀ ਗਈ। ਵੱਖ-ਵੱਖ ਵਿਦਿਆਰਥੀਆਂ ਵਲੋਂ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ ਗਿਆ। ਸਕੂਲ ਦੇ ਕਿੰਡਰ ਗਾਰਟਨ ਦੇ ਵਿਦਿਆਰਥੀਆਂ ਨੇ ਭੰਗੜਾ, ਨਾਚੋ-ਨਾਚੋ ਡਾਂਸ ਅਤੇ ਦੇਸ ਦੇ ਗੌਰਵ ਨੂੰ ਪੇਸ਼ ਕਰਦੇ ਹੋਏ ਦੇਸ਼ ਭਗਤੀ ਦਾ ਡਾਂਸ ਵੀ ਪੇਸ ਕੀਤਾ। ਇਸ ਤੋਂ ਬਾਅਦ ਰੰਗਾ ਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ। ਵਿਦਿਆਰਥੀਆਂ ਨੇ ਸ੍ਰੀ ਕ੍ਰਿਸ਼ਨ ਜੀ ਨਾਲ ਸੰਬੰਧਿਤ ਕ੍ਰਿਸ਼ਨ ਲੀਲਾ ਦੀ ਪੇਸ਼ਕਾਰੀ ਵੱਖ-ਵੱਖ ਪ੍ਰਕਰਣ ਲੈ ਕੇ ਕੀਤੀ। ਵਿਦਿਆਰਥੀਆਂ ਵੱਲੋਂ ਕਿਸਾਨਾਂ ਸੰਬੰਧੀ ਕੋਰੀਓਗ੍ਰਾਫੀ ਵੀ ਪੇਸ਼ ਕੀਤੀ ਜੋ ਕਿ ਕਿਸਾਨੀ ਜੀਵਨ ਦੀ ਜੱਦੋ-ਜਹਿਦ ਨੂੰ ਪੇਸ਼ ਕਰਦੀ ਇੱਕ ਖ਼ਾਸ ਝਾਕੀ ਸੀ। ਵੂਮੈਨ ਇਮਪਾਵਰਮੈਂਟ ਐਕਟ ਵਿਦਿਆਰਥੀਆਂ ਦੁਆਰਾ ਪੇਸ਼ ਕੀਤਾ ਗਿਆ ਜੋ ਕਿ ਔਰਤ ਨੂੰ ਆਪਣੀ ਪਹਿਚਾਣ ਬਣਾਉਣ ਲਈ ਮਜਬੂਰ ਕਰ ਦਿੰਦਾ ਹੈ। ਇਸ ਤੋਂ ਇਲਾਵਾ ਬਾਲ ਮਜਦੂਰੀ ਨਾਲ ਸੰਬੰਧਤ ਐਕਟ, ਕਵਾਲੀ ਅਤੇ ਭੰਗੜੇ ਦੀ ਪੇਸ਼ਕਾਰੀ ਬਾਖੂਬੀ ਨਾਲ ਵਿਦਿਆਰਥੀਆਂ ਦੁਆਰਾ ਕੀਤੀ ਗਈ। ਵਿਦਿਆਰਥੀਆਂ ਦੁਆਰਾ ਕੀਤੀਆ ਗਈਆ ਧਮਾਕੇਦਾਰ ਪੇਸ਼ਕਾਰੀਆਂ ਨੇ ਦਰਸ਼ਕਾ ਨੂੰ ਝੂਮਣ ਲਗਾ ਦਿੱਤਾ। ਦਰਸ਼ਕਾਂ ਨੇ ਤਾਲੀਆ ਵਜਾ ਕੇ ਨੰਨੇ ਮੁੰਨੇ ਕਲਾਕਾਰਾਂ ਦੀ ਹੌਸਲਾ ਅਫਜਾਈ ਕੀਤੀ। ਸਕੂਲ਼ ਦੇ ਪ੍ਰਿੰਸੀਪਲ ਸ੍ਰੀਮਤੀ ਗਿਨਾਕਸੀ ਕਪੂਰ ਨੇ ਸਮਾਗਮ ਵਿਚ ਪਹੁੰਚਣ 'ਤੇ ਸਾਰੇ ਸੱਜਣਾਂ ਦਾ ਧੰਨਵਾਦ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਕਿਹਾ ਕਿ ਸਕੂਲ ਦੀ ਹਰ ਗਤੀਵਿਧੀ ਵਿਚ ਭਾਗ ਲੈਣਾ ਹਰ ਵਿਦਿਆਰਥੀ ਦਾ ਕਰਤੱਵ ਹੈ। ਇਸ ਨਾਲ ਬਹੁਤ ਕੁੱਝ ਸਿੱਖਣ ਨੂੰ ਮਿਲਦਾ ਹੈ ਅਤੇ ਸਿੱਖਣ ਦੀ ਪ੍ਰਕਿਰਿਆ ਵਿਚ ਹਰ ਵਿਦਿਆਰਥੀ ਨੂੰ ਅੱਗੇ ਆਉਣਾ

ਬਿਜਲੀ ਬੋਰਡ ਦੀਆਂ ਲਗਭਗ ਸਾਰੀਆਂ ਜਥੇਬੰਦੀਆਂ ਸੰਘਰਸ਼ ਦੇ ਰਾਹ 'ਤੇ-ਆਗੂ

ਮਲੇਰਕੋਟਲਾ, 8 ਦਸੰਬਰ (ਮੁਹੰਮਦ ਹਨੀਫ਼ ਥਿੰਦ) - ਮੁਲਾਜ਼ਮ ਯੂਨਾਈਟਿਡ ਔਰਗੇਨਾਈਜੇਸ਼ਨ ਪੀ.ਐਸ.ਪੀ.ਸੀ.ਐਲ./ ਪੀ.ਐਸ.ਟੀ.ਸੀ.ਐਲ. ਡਵੀਜ਼ਨ ਮਲੇਰਕੋਟਲਾ ਦੇ ਜੁਝਾਰੂ ਸਾਥੀਆਂ ਦੀ ਮੀਟਿੰਗ ਡਵੀਜ਼ਨ ਮਲੇਰਕੋਟਲਾ ਵਿਖੇ ਪ੍ਰਧਾਨ ਸਾਬਰ ਅਲੀ ਰਟੋਲਾਂ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਦੌਰਾਨ ਵੱਖ-ਵੱਖ ਆਗੂਆਂ ਨੇ ਆਪਣੇ ਵਿਚਾਰ ਪੇਸ਼ ਕੀਤੇ ਅਤੇ ਮੈਨੇਜਮੈਂਟ ਖ਼ਿਲਾਫ਼ ਆਪਣਾ ਰੋਸ ਜ਼ਾਹਿਰ ਕੀਤਾ। ਇਸ ਮੌਕੇ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਬਿਜਲੀ ਬੋਰਡ ਦੀਆਂ ਲਗਭਗ ਸਾਰੀਆਂ ਜਥੇਬੰਦੀਆਂ ਸੰਘਰਸ਼ ਦੇ ਰਾਹ 'ਤੇ ਹਨ, ਕਿਉਂਕਿ ਕਾਫ਼ੀ ਲੰਮੇ ਸਮੇਂ ਤੋਂ ਇਹ ਮੈਨੇਜਮੈਂਟ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਤੀ ਟਾਲ-ਮਟੋਲ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਕਰੰਟ ਲੱਗਣ ਨਾਲ ਮੌਤ ਹੋ ਜਾਣ 'ਤੇ ਬਿਜਲੀ ਮੁਲਾਜ਼ਮਾਂ ਨੂੰ ਸ਼ਹੀਦ ਦਾ ਦਰਜ਼ਾ ਤੇ ਪਰਿਵਾਰ ਦੀ ਸਹਾਇਤਾ ਲਈ ਇਕ ਕਰੋੜ ਦੀ ਰਾਸ਼ੀ ਦੇਣ ਸਬੰਧੀ, ਬਿਜਲੀ ਮੁਲਾਜ਼ਮਾਂ ਨੂੰ ਯੂਨਿਟਾਂ ਵਿਚ ਛੂਟ ਅਤੇ ਐਨ.ਪੀ.ਐਸ. ਖ਼ਤਮ ਕਰ ਕੇ ਪੁਰਾਣੀ ਪੈਨਸ਼ਨ ਦੀ ਬਹਾਲੀ ਅਤੇ ਅਪਰੈਂਟਿਸ ਕਰ ਚੁੱਕੇ ਸਾਥੀਆਂ ਨੂੰ ਰੋਜ਼ਗਾਰ ਦੇਣਾ ਆਦਿ ਮੰਗਾਂ ਤੇ ਵਿਚਾਰ ਚਰਚਾ ਕੀਤੀ ਗਈ। ਜਥੇਬੰਦੀ ਦੇ ਪਰਿਵਾਰ ਵਿਚ ਇਕ ਵਾਰ ਫੇਰ ਰਿਕਾਰਡ ਤੋੜ ਵਾਧਾ ਹੋਣ ਬਾਰੇ ਦੱਸਿਆ ਗਿਆ ਜਿਸ ਵਿਚ ਸਾਥੀ ਗੁਰਦੇਵ ਸਿੰਘ ਸਾਲਾਰ ਦੀ ਪ੍ਰਧਾਨਗੀ ਹੇਠ 4 ਸਾਥੀਆਂ ਵਲੋਂ ਲਸੋਈ ਸਬ-ਡਵੀਜ਼ਨ ਤੋਂ ਮੈਂਬਰਸ਼ਿਪ ਭਰਨਾ ਸ਼ਾਮਲ ਹੈ। ਇਸ ਤੋਂ ਇਲਾਵਾ ਨਵੀਂ ਭਰਤੀ ਵਾਲੇ ਸਾਥੀਆਂ ਨੇ ਵੀ ਅੱਜ ਦੀ ਮੀਟਿੰਗ ਵਿਚ ਪਹੁੰਚ ਕੇ ਮੈਂਬਰਸ਼ਿਪ ਭਰਨ ਦੀ ਸਹਿਮਤੀ ਦਿੱਤੀ। ਇਸ ਮੀਟਿੰਗ ਦੌਰਾਨ ਸਬ-ਡਵੀਜ਼ਨ ਸ਼ਹਿਰੀ-1 ਦੀ ਕਮੇਟੀ ਦੀ ਚੋਣ ਕੀਤੀ ਗਈ, ਜਿਸ ਵਿਚ ਮੁਹੰਮਦ ਸ਼ੱਬੀਰ ਨੂੰ ਪ੍ਰਧਾਨ, ਜ਼ਫ਼ਰ ਇਕਬਾਲ ਨੂੰ ਜਰਨਲ ਸਕੱਤਰ ਅਤੇ ਅਮਨਦੀਪ ਸਿੰਘ ਮਾਹਮਦਪੁਰ ਨੂੰ ਇਕ ਵਾਰ ਫੇਰ ਖ਼ਜ਼ਾਨਚੀ ਨਿਯੁਕਤ ਕੀਤਾ ਗਿਆ ਅਤੇ ਬਾਕੀ ਸਾਥੀਆਂ ਨੂੰ ਵੱਖ-ਵੱਖ ਅਹੁਦੇ ਦਿੱਤੇ ਗਏ।

ਮੁਲਾਜ਼ਮ ਯੂਨਾਈਟਿਡ ਆਰਗੇਨਾਈਜ਼ੇਸ਼ਨ ਪੀ.ਐਸ.ਪੀ.ਸੀ.ਐਲ./ਪੀ.ਐਸ.ਟੀ.ਸੀ.ਐਲ. ਡਵੀਜ਼ਨ ਮਲੇਰਕੋਟਲਾ ਦੇ ਮੁਲਾਜ਼ਮ ਸਾਥੀਆਂ ਨੂੰ ਸੰਬੋਧਨ ਕਰਦੇ ਹੋਏ। ਤਸਵੀਰ : ਮੁਹੰਮਦ ਹਨੀਫ਼ ਥਿੰਦ

ਮਲੇਰਕੋਟਲਾ ਨਗਰ ਕੌਂਸਲ ਮੀਟਿੰਗ ਦੌਰਾਨ ਗਰੇਵਾਲ ਚੌਂਕ ਦਾ ਨਾਂਅ ਬਦਲ ਕੇ ਹਾਅ ਦਾ ਨਾਅਰਾ ਰੱਖੇ ਜਾਣ ਦੇ ਮਤੇ ਨੂੰ ਪਾਸ ਕਰਦੇ ਕੌਂਸਲਰ ਅਤੇ ਨਾਲ ਜਾਣਕਾਰੀ ਦਿੰਦੇ ਕੌਂਸਲਰ ਮਹਿੰਦਰ ਸਿੰਘ ਪਰੂਥੀ। ਤਸਵੀਰ : ਪਾਰਸ ਜੈਨ

ਗਰੇਵਾਲ ਚੌਂਕ ਦਾ ਨਾਂਅ ਬਦਲ ਕੇ 'ਹਾਅ ਦਾ ਨਾਅਰਾ ਚੌਂਕ' ਰੱਖੇ ਜਾਣ ਦਾ ਸਵਾਗਤ

ਮਲੇਰਕੋਟਲਾ, 8 ਦਸੰਬਰ (ਪਾਰਸ ਜੈਨ) - ਸਥਾਨਕ ਨਗਰ ਕੌਂਸਲ ਦੀ ਮੀਟਿੰਗ ਵਿਚ ਸਥਾਨਕ ਗਰੇਵਾਲ ਚੌਂਕ ਦਾ ਨਾਂਅ ਬਦਲ ਕੇ 'ਹਾਅ ਦਾ ਨਾਅਰਾ ਚੌਂਕ' ਰੱਖੇ ਜਾਣ 'ਤੇ ਮਲੇਰਕੋਟਲਾ ਵਾਸੀਆਂ ਵਲੋਂ ਭਰਵਾਂ ਸਵਾਗਤ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਕੌਂਸਲਰ ਮਹਿੰਦਰ ਸਿੰਘ ਪਰੂਥੀ ਅਤੇ ਨਗਰ ਕੌਂਸਲ ਪ੍ਰਧਾਨ ਬੀਬੀ ਨਸਰੀਨ ਅਸ਼ਰਫ ਅਬਦੁਲਾ ਦੇ ਪਤੀ ਮੁਹੰਮਦ ਅਸ਼ਰਫ ਨੇ ਦੱਸਿਆ ਕਿ ਮਲੇਰਕੋਟਲਾ ਦੇ ਨਵਾਬ ਸ਼ੇਰ ਮੁਹੰਮਦ ਖਾਂ ਵਲੋਂ ਗੁਰੂ ਸਾਹਿਬ ਦੇ ਸਾਹਿਬਜ਼ਾਦਿਆਂ ਦੇ ਹੱਕ ਵਿਚ ਹਾਅ ਦਾ ਨਾਅਰਾ ਮਾਰਿਆ ਗਿਆ ਸੀ, ਜਿਸ ਸੰਬੰਧੀ ਉਕਤ ਚੌਂਕ ਦੇ ਨੇੜੇ ਗੁਰਦੁਆਰਾ ਸਾਹਿਬ ਹਾਅ ਦਾ ਨਾਅਰਾ ਵੀ ਸਥਿਤ ਹੈ, ਨੂੰ ਦੇਖਦਿਆਂ ਗਰੇਵਾਲ ਚੌਂਕ ਦਾ ਨਾਂਅ ਬਦਲ ਕੇ ਹਾਅ ਦਾ ਨਾਅਰਾ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਹਲਕੇ ਦੇ ਲੋਕਾਂ ਅਤੇ ਸਿੱਖ ਸੰਗਤ ਦੀ ਮੰਗ ਨੂੰ ਦੇਖਦਿਆਂ ਵਿਧਾਇਕ ਡਾ: ਜਮੀਲ-ਉਰ-ਰਹਿਮਾਨ ਦੀ ਅਗਵਾਈ ਹੇਠ ਅਤੇ ਪ੍ਰਧਾਨ ਬੀਬੀ ਨਸਰੀਨ ਅਸ਼ਰਫ ਅਬਦੁਲਾ ਦੀ ਪ੍ਰਧਾਨਗੀ ਹੇਠ ਨਗਰ ਕੌਂਸਲ ਦੀ ਮੀਟਿੰਗ ਵਿਚ ਉਕਤ ਚੌਂਕ ਦੇ ਨਾਂਅ ਬਦਲੀ ਨੂੰ ਪ੍ਰਵਾਨਗੀ ਦੇ ਕੇ ਉੱਪਰ ਭੇਜਿਆ ਗਿਆ ਹੈ। ਉਨ੍ਹਾਂ ਕਿਹਾ ਮਲੇਰਕੋਟਲਾ ਦੇ ਇਤਿਹਾਸ ਨੂੰ ਆਉਣ ਵਾਲੀਆਂ ਪੀੜ੍ਹੀਆਂ ਲਈ ਯਾਦਗਾਰ ਬਣਾਉਣਾ ਬਹੁਤ ਜ਼ਰੂਰੀ ਹੈ। ਸ: ਪਰੂਥੀ ਨੇ ਕਿਹਾ ਕਿ ਵਿਧਾਇਕ ਡਾ: ਜਮੀਲ-ਉਰ-ਰਹਿਮਾਨ ਦੀ ਅਗਵਾਈ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਸੰਗਤਾਂ ਦੇ ਸਹਿਯੋਗ ਨਾਲ ਉਕਤ ਚੌਂਕ ਨੂੰ ਹੀ ਨਹੀਂ ਬਲਕਿ ਚੌਂਕ ਤੋਂ ਲੈ ਕੇ ਗੁਰਦੁਆਰਾ ਸਾਹਿਬ ਤੱਕ ਜਾਂਦੀ ਸੜਕ ਨੂੰ ਵੀ ਇਤਿਹਾਸਿਕ ਦਿੱਖ ਨਾਲ ਸਜਾਇਆ ਜਾਵੇਗਾ। ਉਨ੍ਹਾਂ ਉਕਤ ਫ਼ੈਸਲੇ ਦਾ ਸਵਾਗਤ ਕਰਦਿਆਂ ਕਿਹਾ ਕਿ ਵਿਧਾਇਕ ਡਾ: ਜਮੀਲ-ਉਰ-ਰਹਿਮਾਨ ਦੀ ਅਗਵਾਈ ਹੇਠ ਹਲਕਾ ਮਲੇਰਕੋਟਲਾ ਚਹੁਮੁੱਖੀ ਵਿਕਾਸ ਵੱਲ ਵੱਧ ਰਿਹਾ ਹੈ।

ਸੰਪਾਦਕ-ਰਾਜਿੰਦਰ ਸਿੰਘ। ਪ੍ਰਕਾਸ਼ ਕੌਰ ਹਮਦਰਦ, ਪ੍ਰਿੰਟਰ, ਪਬਲਿਸ਼ਰ ਤੇ ਸੈਕਟਰੀ ਟਰੱਸਟ ਨੇ ਸਾਧੂ ਸਿੰਘ ਹਮਦਰਦ ਟਰੱਸਟ ਲਈ ਡੇਲੀ ਅਜੀਤ ਪ੍ਰਿੰਟਰਜ਼, ਲਿੱਧੜਾਂ, ਜਲੰਧਰ ਤੋਂ ਛਪਵਾ ਕੇ ਸ਼ਾਪ ਨੰ: 72, ਸੁਭਾਸ਼ ਮਾਰਕੀਟ, ਮਾਲ ਰੋਡ, ਬਠਿੰਡਾ ਤੋਂ ਪ੍ਰਕਾਸ਼ਤ ਕੀਤਾ।
ਆਰ. ਐਨ. ਆਈ. ਰਜਿਸਟ੍ਰੇਸ਼ਨ ਨੰ: PUNPUN/2017/70557

Editor- Rajinder Singh. Printer, Publisher and Secretary Parkash Kaur Hamdard. Printed for Sadhu Singh Hamdard Trust at Daily Ajit Printers, Lidhran, Jalandhar and Published from Shop No. 72, Subhash Market, Mall Road, Bathinda. RNI Regd. No:- PUNPUN/2017/70557